# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 pm**

**ਮਿਤੀ: 28-05-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਵੀਰ ਸਾਵਰਕਰ ਨੂੰ ਉਨ੍ਹਾਂ ਦੀ ਜਨਮ ਵਰੇਗੰਢ 'ਤੇ ਸ਼ਰਧਾਂਜਲੀ ਭੇਟ ਕੀਤੀ। ਸੋਸ਼ਲ ਮੀਡੀਆ 'ਤੇ ਵੀਡੀਓ ਸਾਂਝਾ ਕਰਦੇ ਹੋਏ ਸ਼੍ਰੀ ਮੋਦੀ ਨੇ ਕਿਹਾ ਕਿ ਵਿਦੇਸ਼ੀ ਸਰਕਾਰ ਦੇ ਸਖ਼ਤ ਤੋਂ ਸਖ਼ਤ ਤਸੀਹੇ ਵੀ ਭਾਰਤ ਮਾਤਾ ਦੇ ਸੱਚੇ ਪੁੱਤਰ ਵੀਰ ਸਾਵਰਕਰ ਦੀ ਮਾਤ-ਭੂਮੀ ਪ੍ਰਤੀ ਸ਼ਰਧਾ ਨੂੰ ਹਿਲਾ ਨਹੀਂ ਸਕੇ ਸਨ। ਪ੍ਰਧਾਨ ਮੰਤਰੀ ਨੇ ਕਿਹਾ ਕਿ ਧੰਨਵਾਦੀ ਰਾਸ਼ਟਰ, ਆਜ਼ਾਦੀ ਅੰਦੋਲਨ ਵਿਚ ਵੀਰ ਸਾਵਰਕਰ ਦੇ ਸੰਘਰਸ਼ ਦੀ ਗਾਥਾ ਨੂੰ ਕਦੇ ਭੁਲਾ ਨਹੀਂ ਸਕਦਾ। ਦੇਸ਼ ਪ੍ਰਤੀ ਉਨ੍ਹਾਂ ਦਾ ਬਲੀਦਾਨ ਤੇ ਸਮਰਪਣ, ਵਿਕਸਤ ਭਾਰਤ ਦੀ ਸਿਰਜਣਾ ਵਿਚ ਚਾਨਣ ਮੁਨਾਰਾ ਬਣਿਆ ਰਹੇਗਾ।

----------------------------------------------------

ਚੋਣ ਕਮਿਸ਼ਨ ਨੇ ਕਿਹਾ ਏ ਕਿ ਕੋਵਿਡ-19 ਦੇ ਸ਼ੱਕੀ ਜਾਂ ਪ੍ਰਭਾਵਤ ਵਿਅਕਤੀਆਂ ਨੂੰ ਲੁਧਿਆਣਾ ਪੱਛਮੀ ਵਿਧਾਨ ਸਭਾ ਸੀਟ ਸਮੇਤ ਗੁਜਰਾਤ ਵਿਚ ਕੜੀ ਅਤੇ ਵਿਸਾਵਦਰ, ਕੇਰਲ ਵਿਚ ਨੀਲਾਂਬੁਰ ਤੇ

ਪੱਛਮੀ ਬੰਗਾਲ ਵਿਚ ਕਾਲੀਗੰਜ ਵਿਧਾਨ ਸਭਾ ਹਲਕੇ ਵਿਚ ਹੋਣ ਵਾਲੀਆਂ ਜਿਮਨੀ ਚੋਣਾਂ ਵਿਚ ਡਾਕ ਰਾਹੀਂ ਵੋਟ ਪਾਉਣ ਦੀ ਸਹੂਲਤ ਦੇ ਦਿੱਤੀ ਗਈ ਏ। ਹਾਲਾਂਕਿ ਅਜਿਹੇ ਵੋਟਰਾਂ ਨੂੰ ਸਬੰਧਤ ਅਥਾਰਟੀ ਤੋਂ ਇਸ ਦੀ ਤਸਦੀਕ ਕਰਵਾਉਣੀ ਪਵੇਗੀ ਤੇ ਉਹਨਾਂ ਦੀ ਅਰਜੀ ਦੀ ਜਾਂਚ ਸਬੰਧਤ ਚੋਣ ਅਧਿਕਾਰੀ ਵੱਲੋਂ ਕੀਤੀ ਜਾਵੇਗੀ। ਇਨ੍ਹਾਂ ਚਾਰਾਂ ਹਲਕਿਆਂ ਵਿਚ 19 ਜੂਨ ਨੂੰ ਵੋਟਾਂ ਪੈਣੀਆਂ ਨੇ।

---------------------------------------------------------

ਸਿੱਧੇ ਕਰਾਂ ਬਾਰੇ ਕੇਂਦਰੀ  ਬੋਰਡ ਨੇ ਇਸ ਸਾਲ ਇਨਕਮ ਟੈਕਸ ਰਿਟਰਨ- ਦਾਖ਼ਲ ਕਰਨ ਦੀ ਆਖਰੀ ਤਰੀਕ 31 ਜੁਲਾਈ ਤੋਂ ਵਧਾ ਕੇ 15 ਸਤੰਬਰ ਕਰ ਦਿੱਤੀ ਏ । ਕੇਂਦਰੀ ਬੋਰਡ ਨੇ ਇਕ ਬਿਆਨ ਵਿਚ ਕਿਹਾ ਏ ਕਿ ਇਹ ਵਾਧਾ ਆਈ.ਟੀ.ਆਰ ਫਾਰਮਾਂ, ਸਿਸਟਮ ਵਿਕਾਸ ਜ਼ਰੂਰਤਾਂ ਅਤੇ ਟੀ.ਡੀ.ਐਸ ਕ੍ਰੈਡਿਟ  ਵਿਚ ਮਹੱਤਵਪੂਰਨ ਸੋਧਾਂ ਹੋਣ ਕਾਰਨ ਬਿਨੈਕਾਰਾਂ ਨੂੰ ਵਧੇਰੇ ਸਮਾਂ ਮੁਹੱਈਆ ਕਰਵਾਏਗਾ। ਇਹ ਹਰ ਕਿਸੇ ਲਈ ਸਹਿਜ ਤੇ ਵਧੇਰੇ ਸਟੀਕ ਪ੍ਰਕਿਰਿਆ ਨੂੰ ਯਕੀਨੀ ਬਣਾਏਗਾ।

---------------------------------------------------------

ਨਸ਼ੀਲੇ ਪਦਾਰਥਾਂ ਦੀ ਤਸਕਰੀ ਕਰਨ ਵਾਲੇ ਨੈੱਟਵਰਕਾਂ 'ਤੇ ਵੱਡੀ ਕਾਰਵਾਈ ਕਰਦਿਆਂ ਬਾਰਡਰ ਰੇਂਜ ਅੰਮ੍ਰਿਤਸਰ ਦੇ ਨਸ਼ਾ ਵਿਰੋਧੀ

ਕਾਰਜ ਬਲ ਨੇ ਅਟਾਰੀ ਸੜਕ 'ਤੇ 3 ਨਸ਼ਾ ਤਸਕਰਾਂ ਨੂੰ ਗ੍ਰਿਫਤਾਰ ਕੀਤਾ ਏ।

ਮੁਲਜ਼ਮਾਂ ਦੀ ਪਛਾਣ ਮਨਿੰਦਰਜੀਤ ਸਿੰਘ, ਪੀਟਰ ਅਤੇ ਲਵਜੀਤ ਸਿੰਘ ਰਾਜਾ ਵਜੋਂ ਹੋਈ ਏ। ਇਨ੍ਹਾਂ ਕੋਲੋਂ ਚਾਰ ਪਿਸਤੌਲਾਂ, 521 ਗ੍ਰਾਮ ਹੈਰੋਇਨ, 7 ਮੈਗਜ਼ੀਨ ਅਤੇ 55 ਜ਼ਿੰਦਾ ਕਾਰਤੂਸ ਜ਼ਬਤ ਕੀਤੇ ਗਏ ਨੇ।

-----------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵੱਖ-ਵੱਖ ਜ਼ਿਲਿਆਂ ਦੇ ਵਧੀਆ ਕਾਰਗੁਜਾਰੀ ਵਾਲੇ ਵਿਦਿਆਰਥੀਆਂ ਨੂੰ ਵਿੱਦਿਅਕ ਟੂਰ ਲਈ ਹਵਾਈ ਸਫ਼ਰ ਰਾਹੀਂ ਦੇਸ਼ ਦੀਆਂ ਮੁੱਖ ਵਿੱਦਿਅਕ ਸੰਸਥਾਵਾਂ ਵਿਚ ਭੇਜਣ ਦਾ ਐਲਾਨ ਕੀਤਾ ਏ। ਕੱਲ੍ਹ ਚੰਡੀਗੜ ਵਿਚ ਵਿਲੱਖਣ ਪ੍ਰਾਪਤੀ ਵਾਲੇ ਦਸਵੀਂ ਤੇ ਬਾਰ੍ਹਵੀਂ ਦੇ ਮੈਰਿਟ ਵਿਚ ਆਏ ਵਿਦਿਆਰਥੀਆਂ ਨਾਲ ਗੱਲਬਾਤ ਕਰਦੇ ਹੋਏ ਉਨ੍ਹਾਂ ਕਿਹਾ ਕਿ ਇਹ ਸਾਰਿਆਂ ਲਈ ਮਾਣ ਤੇ ਤਸੱਲੀ ਦਾ ਪਲ ਹੈ। ਉਨ੍ਹਾਂ ਕਿਹਾ ਕਿ ਜਿੱਥੇ ਵਿਦਿਆਰਥੀਆਂ ਨੇ ਇਸ ਸਫ਼ਲਤਾ ਲਈ ਅੱਧੀ-ਅੱਧੀ ਰਾਤ ਤੱਕ ਮਿਹਨਤ ਕੀਤੀ ਏ, ਉੱਥੇ ਇਨ੍ਹਾਂ ਵਿਦਿਆਰਥੀਆਂ ਦਾ ਮਾਰਗ-ਦਰਸ਼ਨ ਕਰਨ ਵਾਲੇ ਮਾਪਿਆਂ ਤੇ ਅਧਿਆਪਕਾਂ ਦਾ ਯੋਗਦਾਨ ਵੀ ਘੱਟ ਨਹੀਂ ਏ। ਮੁੱਖ ਮੰਤਰੀ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਸੂਬੇ ਵਿਚ ਸਿੱਖਿਆ ਕ੍ਰਾਂਤੀ ਦੀ ਸ਼ੁਰੂਆਤ

ਕੀਤੀ ਏ ਤੇ ਸਿੱਖਿਆ ਖੇਤਰ ਨੂੰ ਸਰਕਾਰ ਸਭ ਤੋਂ ਵੱਧ ਤਰਜੀਹ ਦੇ ਰਹੀ ਏ ਕਿਉਂਕਿ ਵਿਦਿਆਰਥੀਆਂ ਦੀ ਭਲਾਈ ਤੋਂ ਵੱਧ ਹੋਰ ਕੁਝ ਵੀ ਅਹਿਮ ਨਹੀਂ ਏ।

------------------------------------------------------------

ਪੰਜਾਬ ਦੇ ਸੁਤੰਤਰਤਾ ਸੈਨਾਨੀ ਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਨੇ ਕਿਹਾ ਏ ਕਿ ਪੰਜਾਬ ਸਰਕਾਰ ਨੇ ਸੈਨਿਕ ਸਕੂਲ ਕਪੂਰਥਲਾ ਦੀ 19 ਸਾਲ ਪੁਰਾਣੀ ਮੰਗ ਮੰਨ ਲਈ ਏ। ਇਸ ਸਬੰਧ ਵਿਚ ਸੈਨਿਕ ਸਕੂਲ ਤੇ ਪੰਜਾਬ ਸਰਕਾਰ ਦਰਮਿਆਨ ਸਮਝੌਤਾ ਸਹੀਬੰਦ ਕੀਤਾ ਗਿਆ ਏ । ਸੈਨਿਕ ਸਕੂਲ ਕਪੂਰਥਲਾ ਦਾ ਦੌਰਾ ਕਰਨ ਮੌਕੇ ਕੈਬਨਿਟ ਮੰਤਰੀ ਭਗਤ ਨੇ ਕਿਹਾ ਕਿ ਪੰਜਾਬ ਸਰਕਾਰ ਇਸ ਸਕੂਲ ਨੂੰ ਲਗਾਤਾਰ ਗ੍ਰਾਂਟ ਦੇਵੇਗੀ । ਸੈਨਿਕ ਸਕੂਲ ਵੱਲੋਂ ਇਹ ਮੰਗ ਸਾਲ 2006 ਤੋਂ ਕੀਤੀ ਜਾ ਰਹੀ ਸੀ।

------------------------------------------------------------

ਪੰਜਾਬ ਵਿਜੀਲੈਂਸ ਬਿਊਰੋ ਦੇ ਉੱਡਣ ਦਸਤੇ ਨੇ ਨਾਬਾਲਿਗ ਦੇ ਜ਼ਬਤ ਕੀਤੇ ਫ਼ੋਨ ਨਾਲ ਸਬੰਧਤ ਮਾਮਲੇ ਵਿਚ 1 ਲੱਖ ਰੁਪਏ ਦੀ ਰਿਸ਼ਵਤ ਲੈਂਦੇ ਹੋਏ ਫਾਜ਼ਿਲਕਾ ਸਾਈਬਰ ਕ੍ਰਾਈਮ ਪੁਲਿਸ ਥਾਣੇ ਦੇ ਐੱਸਐੱਚਓ ਅਤੇ ਤਿੰਨ ਹੋਰ ਪੁਲਿਸ ਮੁਲਾਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਏ। ਜਿਕਰਯੋਗ ਏ ਕਿ

ਇਕ ਸ਼ਿਕਾਇਤ ਤੋਂ ਬਾਅਦ ਸਟੇਸ਼ਨ ਨੇ ਇਕ ਨਾਬਾਲਿਗ ਦਾ ਫ਼ੋਨ ਜ਼ਬਤ ਕਰ ਲਿਆ ਸੀ। ਪਰਿਵਾਰ ਨੇ ਮਸਲਾ ਹੱਲ ਕਰਨ ਲਈ ਅਰਜ਼ ਕੀਤੀ ਸੀ ਪਰ ਵਾਰ-ਵਾਰ ਇਨ੍ਹਾਂ ਕੋਲੋਂ ਰਿਸ਼ਵਤ ਮੰਗੀ ਗਈ। ਗ੍ਰਿਫ਼ਤਾਰ ਕੀਤੇ ਗਏ ਅਧਿਕਾਰੀਆਂ ਦੀ ਪਛਾਣ ਇੰਸਪੈਕਟਰ ਮਨਜੀਤ ਸਿੰਘ ਐੱਸਐੱਚਓ ਸਾਈਬਰ ਕ੍ਰਾਈਮ, ਸੀਨੀਅਰ ਸਿਪਾਹੀ ਰਾਜਪਾਲ, ਸਿਪਾਹੀ ਸ਼ਿੰਦਰਪਾਲ ਤੇ ਸੁਮੀਤ ਕੁਮਾਰ ਵਜੋਂ ਹੋਈ ਏ। ਚਾਰੇ ਮੁਲਾਜ਼ਮ ਹੁਣ ਹਿਰਾਸਤ ਵਿਚ ਨੇ।

---------------------------------------------------------------

ਕੌਮੀ ਖ਼ੁਰਾਕ ਸੁਰੱਖਿਆ ਕਾਨੂੰਨ-2013 ਅਧੀਨ ਚੱਲ ਰਹੀਆਂ ਵੱਖ-ਵੱਖ ਸਕੀਮਾਂ ਸਬੰਧੀ ਸ਼ਿਕਾਇਤ, ਵਧੀਕ ਡਿਪਟੀ ਕਮਿਸ਼ਨਰ (ਦਿਹਾਤੀ ਵਿਕਾਸ) ਕੋਲ ਕੀਤੀ ਜਾ ਸਕਦੀ ਏ। ਇਹ ਜਾਣਕਾਰੀ ਪੰਜਾਬ ਖ਼ੁਰਾਕ ਕਮਿਸ਼ਨ ਦੇ ਮੈਂਬਰ ਚੇਤਨ ਪ੍ਰਕਾਸ਼ ਧਾਲੀਵਾਲ ਨੇ ਜ਼ਿਲ੍ਹਾ ਜਲੰਧਰ ਵਿਚ ਵੱਖ-ਵੱਖ ਸਰਕਾਰੀ ਸਕੂਲਾਂ ਅਤੇ ਰਾਸ਼ਨ ਡਿਪੂਆਂ ਦੇ ਨਿਰੀਖਣ ਦੌਰਾਨ ਦਿੱਤੀ। ਉਨ੍ਹਾਂ ਨੇ ਸਰਕਾਰੀ ਪ੍ਰਾਇਮਰੀ, ਮਿਡਲ ਸਕੂਲ ਚੂਹੇਕੀ ਸਮੇਤ ਕਈ ਸਕੂਲਾਂ ਦਾ ਦੌਰਾ ਕੀਤਾ, ਜਿਸ ਦੌਰਾਨ ਉਨ੍ਹਾਂ ਪੀਣ ਯੋਗ ਪਾਣੀ, ਮਿਡ-ਡੇਅ ਮੀਲ ਤੇ ਅਨਾਜ ਭੰਡਾਰ ਦਾ ਜਾਇਜ਼ਾ ਲਿਆ। ਉਨ੍ਹਾਂ ਨੇ

ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸਕੂਲਾਂ ਵਿਚ ਬੱਚਿਆਂ ਦੇ ਪੀਣ ਵਾਲੇ ਪਾਣੀ ਵਿਚ ਟੀ.ਡੀ.ਐਸ. ਦੀ ਮਿਕਦਾਰ ਸਹੀ ਹੋਣੀ ਚਾਹੀਦੀ ਏ।